27-NOV-TT-5-6-7-8 Pages.qxd 11/27/2025 11:53 PM Page 4

ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਇਕਾਈ ਤਰਨ ਤਾਰਨ ਦੀ ਹੰਗਾਮੀ ਮੀਟਿੰਗ

ਤਰਨ ਤਾਰਨ, 27 ਨਵੰਬਰ (ਹਰਿੰਦਰ ਸਿੰਘ)- ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਇਕਾਈ ਤਰਨ ਤਾਰਨ ਦੀ ਹੰਗਾਮੀ ਮੀਟਿੰਗ ਪਿੱਦੀ ਕਚਹਿਰੀਆਂ ਤਰਨ ਤਾਰਨ ਵਿਖੇ ਮੀਤ ਪ੍ਰਧਾਨ ਮੰਗਲ ਸਿੰਘ ਕੈਰੋਵਾਲ, ਸਟੇਟ ਕਮੇਟੀ ਮੈਂਬਰ ਗੁਰਵੇਲ ਸਿੰਘ ਪੱਧਰੀ ਕਲਾਂ, ਸੁਖਵਿੰਦਰ ਸਿੰਘ ਉਸਮਾਂ ਬਲਾਕ ਪ੍ਰਧਾਨ ਨੌਸ਼ਹਿਰਾ ਪਨੂੰਆਂ, ਮੀਤ ਪ੍ਰਧਾਨ ਬਲਾਕ ਤਰਨ ਤਾਰਨ ਗੁਰਮੁਖ ਸਿੰਘ ਕਾਜੀਕੋਟ, ਪ੍ਰੈਸ ਸਕੱਤਰ ਸੁਰਿੰਦਰ ਸਿੰਘ ਸੰਗਤਪੁਰਾ ਦੀ ਅਗਵਾਈ ਹੇਠ ਹੋਈ। ਜਿਸ 'ਚ ਹਾਜ਼ਰ ਦਿਵਿਆਂਗ ਵਿਅਕਤੀਆਂ ਵਲੋਂ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਕੇ ਰੋਸ ਜਾਹਰ ਕਰਦਿਆਂ ਅਕਤੂਬਰ ਮਹੀਨੇ ਦੀ ਪੈਨਸ਼ਨ ਨਾ ਜਾਰੀ ਕਰਨ ਲਈ ਸਖ਼ਤ ਸ਼ਬਦਾਂ ਵਿਚ ਨਰਾਰਜ਼ੀ ਜ਼ਾਹਿਰ ਕੀਤੀ। ਹਰਦੀਪ ਸਿੰਘ ਝਬਾਲ, ਬਲਕਾਰ ਸਿੰਘ ਤੇ ਜ਼ਿਲ੍ਹਾ ਖ਼ਜ਼ਾਨਚੀ ਮਨਜਿੰਦਰ ਸਿੰਘ ਲਾਡੀ ਨੇ ਆਪਣੇ ਸੰਬੋਧਨ ਵਿਚ ਦੱਸਿਆ ਕਿ ਇਸ ਸਾਲ ਪੈਰਾ ਉਲੰਪਿਕ ਖੇਡਾਂ ਵਤਨ ਪੰਜਾਬ ਦੀਆਂ ਨਾ ਕਰਵਾਉਣ ਲਈ ਪੰਜਾਬ ਸਰਕਾਰ ਵਲੋਂ ਨੋਟੀਫਿਕੇਸ਼ਨ ਜਾਰੀ ਕਰਨਾ ਸਾਬਤ ਕਰਦਾ ਹੈ ਕਿ ਇਹ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਦਿਵਿਆਂਗ ਵਰਗ ਨੂੰ ਸਹੂਲਤਾਂ ਦੇਣ ਲਈ ਆਨਾਕਾਨੀ ਕਰ ਰਹੀਆਂ ਹਨ। ਹਾਜ਼ਰ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ 27 ਨਵੰਬਰ ਤੋਂ ਪਹਿਲਾਂ ਰਹਿੰਦੇ ਜ਼ਿਲ੍ਹਿਆਂ ਦੀਆਂ ਅੰਗਹੀਣ ਵਿਧਵਾ, ਬੁਢਾਪਾ ਪੈਨਸ਼ਨਾਂ ਜਾਰੀ ਨਾ ਕੀਤੀਆਂ ਤਾਂ 28 ਨਵੰਬਰ ਦਿਨ ਸ਼ੁੱਕਰਵਾਰ ਨੂੰ ਸੜਕਾਂ 'ਤੇ ਉਤਰ ਕੇ ਅੰਦੋਲਨ ਕਰਨ ਲਈ ਮਜ਼ਬੂਰ ਹੋਵਾਂਗੇ। ਵਿਸ਼ਵ ਅੰਗਹੀਣ ਦਿਵਸ ਜੋ ਕਿ 3 ਦਸੰਬਰ ਨੂੰ ਮਨਾਇਆ ਜਾਂਦਾ ਹੈ, ਉਸ ਸਬੰਧੀ ਵੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਤੇ ਇਸਤਰੀ ਬਾਲ ਵਿਕਾਸ ਵਿਭਾਗ ਪੰਜਾਬ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ। ਇਸ ਮੌਕੇ ਬਲਵਿੰਦਰ ਸਿੰਘ ਨਿੱਝਰ ਪ੍ਰਧਾਨ ਅੰਮ੍ਰਿਤਸਰ, ਸੁਖਦੇਵ ਸਿੰਘ ਬਲਾਕ ਪ੍ਰਧਾਨ ਜੰਡਿਆਲਾ ਗੁਰੂ, ਕੁਲਦੀਪ ਸਿੰਘ, ਲਖਵਿੰਦਰ ਸਿੰਘ, ਗੁਰਜੀਤ ਸਿੰਘ, ਬਾਬਾ ਸੋਮਾ ਸਿੰਘ, ਬਲਾਕ ਪ੍ਰਧਾਨ ਸੋਨੂੰ ਨਾਰਲੀ, ਮੀਤ ਪ੍ਰਧਾਨ ਬਲਾਕ ਭਿੱਖੀਵਿੰਡ ਬਲਦੇਵ ਸਿੰਘ ਬਲੇਰ, ਸੁਖਰਾਜ ਸਿੰਘ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਕੱਕਾ ਕੰਡਿਆਲਾ, ਜਗੀਰ ਸਿੰਘ ਨੂਰਦੀ, ਸੁਲੱਖਣ ਸਿੰਘ, ਕਰਨੈਲ ਸਿੰਘ, ਯਾਦਵਿੰਦਰ ਸਿੰਘ, ਜਸਪਾਲ ਸਿੰਘ, ਬਾਬਾ ਸੁਖਵੰਤ ਸਿੰਘ, ਜਗਜੀਤ ਸਿੰਘ, ਲਖਵਿੰਦਰ ਸਿੰਘ ਫੌਜੀ ਜਲੰਧਰ, ਕੁਲਵਿੰਦਰ ਕੌਰ, ਰਾਜਵਿੰਦਰ ਕੌਰ, ਹਰਜੀਤ ਕੌਰ ਲਾਲਪੁਰਾ, ਬਲਵੀਰ ਕੌਰ ਕੱਕਾ ਕੰਡਿਆਲਾ, ਮਨਦੀਪ ਕੌਰ, ਬਲਵਿੰਦਰ ਸਿੰਘ ਭੁੱਚਰ ਤੇ ਬੂਟਾ ਸਿੰਘ ਗੱਗੋਬੂਹਾ ਸਮੇਤ ਵੱਡੀ ਗਿਣਤੀ 'ਚ ਦਿਵਿਆਂਗ ਐਕਸ਼ਨ ਕਮੇਟੀ ਦੇ ਮੈਂਬਰ ਹਾਜ਼ਰ ਸਨ।

ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਇਕਾਈ ਤਰਨ ਤਾਰਨ ਦੀ ਮੀਟਿੰਗ ਦਾ ਦ੍ਰਿਸ਼। ਤਸਵੀਰ:ਮਨਜੀਤ ਸਿੰਘ

ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਤਰਨ ਤਾਰਨ ਵਿਖੇ ਲਗਾਈ ਸਾਇੰਸ ਪ੍ਰਦਰਸ਼ਨੀ ਨੂੰ ਦੇਖਦੇ ਹੋਏ ਮੁੱਖ ਮਹਿਮਾਨ ਅਤੇ ਬੱਚਿਆਂ ਨੂੰ ਸਨਮਾਨਿਤ ਕੀਤੇ ਜਾਣ ਦਾ ਦ੍ਰਿਸ਼। ਤਸਵੀਰਾਂ: ਮਨਜੀਤ ਸਿੰਘ

ਜ਼ਿਲ੍ਹਾ ਪੱਧਰੀ ਵਿਗਿਆਨ ਪ੍ਰਦਰਸ਼ਨੀ ਵਿਚ ਵਿਦਿਆਰਥੀਆਂ ਵਲੋਂ ਸ਼ਾਨਦਾਰ ਪ੍ਰਦਰਸ਼ਨ

ਤਰਨ ਤਾਰਨ, 27 ਨਵੰਬਰ (ਹਰਿੰਦਰ ਸਿੰਘ)- ਡਾਇਰੈਕਟਰ ਰਾਜ ਵਿਦਿਅਕ ਖੋਜ ਅਤੇ ਸਿੱਖਲਾਈ ਸੰਸਥਾ ਪੰਜਾਬ ਅਜੀਤਗੜ੍ਹ ਦੇ ਹੁਕਮਾਂ, ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਸਤਨਾਮ ਸਿੰਘ ਬਾਠ ਦੇ ਦਿਸ਼ਾ ਨਿਰਦੇਸ਼ਾਂ ਅਤੇ ਤੇਜਿੰਦਰ ਸਿੰਘ ਜ਼ਿਲ੍ਹਾ ਕੋਆਰਡੀਨੇਟਰ (ਆਰ.ਏ.ਏ.) ਤਰਨ ਤਾਰਨ ਦੀ ਯੋਗ ਅਗਵਾਈ ਵਿਚ ਰਾਸ਼ਟਰੀ ਅਵਿਸ਼ਕਾਰ ਅਭਿਆਨ ਤਹਿਤ ਦੋ ਰੋਜ਼ਾ ਜ਼ਿਲ੍ਹਾ ਪੱਧਰੀ ਵਿਗਿਆਨ ਪ੍ਰਦਰਸ਼ਨੀ 2025-26 ਤਹਿਤ ਪਹਿਲੇ ਦਿਨ ਦਾ ਐਲੀਮੈਂਟਰੀ ਪੱਧਰ ਦਾ ਮੁਕਾਬਲਾ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਤਰਨ ਤਾਰਨ ਦੇ ਵਿਹੜੇ ਵਿਚ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋਇਆ, ਜਿਸਦਾ ਮੁੱਖ ਥੀਮ 'ਸਟੈਮ-ਵਿਕਸਿਤ ਅਤੇ ਆਤਮਨਿਰਭਰ ਭਾਰਤ' ਵਿਚ ਸੱਤ ਸਬ-ਥੀਮ ਟਿਕਾਊ ਖੇਤੀਬਾੜੀ, ਰਹਿੰਦ-ਖੂੰਹਦ ਪ੍ਰਬੰਧਨ ਅਤੇ ਪਲਾਸਟਿਕ ਦਾ ਬਦਲ, ਹਰੀ ਊਰਜਾ, ਉਭਰਦੀਆਂ ਤਕਨੀਕਾਂ, ਮੰਨੋਰੰਜਕ ਗਣਿਤਿਕ ਮਾਡਲਿੰਗ, ਸਿਹਤ ਅਤੇ ਸਫ਼ਾਈ, ਪਾਣੀ ਦੀ ਸੰਭਾਲ ਅਤੇ ਪ੍ਰਬੰਧਨ ਸਨ, ਜਿਨ੍ਹਾਂ ਤਹਿਤ ਜ਼ਿਲ੍ਹੇ ਦੇ ਨੌ ਬਲਾਕਾਂ ਤੋਂ ਜੇਤੂ 63 ਵਿਦਿਆਰਥੀਆਂ ਨੇ ਐਲੀਮੈਂਟਰੀ ਪੱਧਰ ਵਿਚ ਭਾਗ ਲਿਆ। ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਮੁੱਖ ਮਹਿਮਾਨ ਮੰਗਤ ਸਿੰਘ ਪ੍ਰਿੰਸੀਪਲ ਡਾਈਟ ਕੈਰੋਂ (ਤਰਨ ਤਾਰਨ) ਨੇ ਪ੍ਰਦਰਸ਼ਨੀ ਦਾ ਮੁਆਇਨਾ ਕੀਤਾ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਅਤੇ ਰਾਜ ਪੱਧਰ 'ਤੇ ਭਾਗ ਲੈਣ ਲਈ ਆਪਣੀਆਂ ਸ਼ੁੱਭ ਇਛਾਵਾਂ ਦਿੱਤੀਆਂ। ਉਨ੍ਹਾਂ ਆਪਣੇ ਸੰਬੋਧਨ ਵਿਚ ਕਿਹਾ ਕਿ ਵਿਦਿਆਰਥੀਆਂ ਨੂੰ ਸਾਇੰਸ ਵਿਸ਼ੇ ਵਿਚ ਆਪਣੀ ਰੁਚੀ ਹੋਰ ਵਧਾਉਣੀ ਚਾਹੀਦੀ ਹੈ ਤਾਂ ਕਿ ਉਹ ਜੀਵਨ ਵਿਚ ਕਾਮਯਾਬ ਹੋ ਸਕਣ। ਜ਼ਿਲ੍ਹਾ ਕੋਆਰਡੀਨੇਟਰ ਤੇਜਿੰਦਰ ਸਿੰਘ ਨੇ ਵਿਗਿਆਨ ਪ੍ਰਦਰਸ਼ਨੀ ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ ਜ਼ਿਲ੍ਹੇ ਵਲੋਂ ਚਲਾਈਆਂ ਜਾ ਰਹੀਆਂ ਸਾਇੰਸ ਅਤੇ ਗਣਿਤ ਦੀ ਗਤੀਵਿਧੀਆਂ ਬਾਰੇ ਚਾਨਣਾ ਪਾਇਆ। ਜੱਜਮੈਂਟ ਪੈਨਲ ਵਿਚ ਜਸਪ੍ਰੀਤ ਸਿੰਘ ਲੈਕਚਰਾਰ, ਦਰਸ਼ਨ ਸਿੰਘ ਲੈਕਚਰਾਰ, ਕੁਲਵਿੰਦਰ ਸਿੰਘ ਲੈਕਚਰਾਰ, ਮਨਜਿੰਦਰਜੀਤ ਸਿੰਘ ਸਾਇੰਸ ਮਾਸਟਰ, ਦਵਿੰਦਰ ਸਿੰਘ ਹਿਸਾਬ ਮਾਸਟਰ, ਮਨਦੀਪ ਕੌਰ ਹਿਸਾਬ ਮਿਸਟ੍ਰੈਸ, ਸੁਖਜਿੰਦਰ ਸਿੰਘ ਸਾਇੰਸ ਮਾਸਟਰ ਅਤੇ ਬਲਜਿੰਦਰ ਸਿੰਘ ਸਾਇੰਸ ਮਾਸਟਰ ਨੇ ਵਿਦਿਆਰਥੀਆਂ ਦੇ ਮਾਡਲਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ। ਐਲੀਮੈਂਟਰੀ ਵਰਗ ਵਿਚ ਸ.ਸ.ਸ. ਸਧੀਰਾ, ਸ.ਸ.ਸ.ਸ. ਦੁਬਲੀ, ਸ.ਸ.ਸ.ਸ. ਸ਼ਾਹਬਾਜ਼ਪੁਰ (ਮ�ੰ), ਸ.ਹ.ਸ. ਚੂੰਘ, ਸ.ਕੰ.ਸ.ਸ.ਸ. ਖਾਲੜਾ ਅਤੇ ਨਿਸ਼ਾਨ-ਏ-ਸਿੱਖੀ ਇੰਟਰਨੈਸ਼ਨਲ ਸਕੂਲ ਖਡੂਰ ਸਾਹਿਬ ਰਾਜ ਪੱਧਰੀ ਵਿਗਿਆਨ ਪ੍ਰਦਰਸ਼ਨੀ ਵਿਚ ਭਾਗ ਲੈਣਗੇ। ਪ੍ਰਦਰਸ਼ਨੀ ਦੀ ਪੂਰੀ ਕਮਾਨ ਅਮਨਦੀਪ ਸਿੰਘ ਮੁੱਖ ਅਧਿਆਪਕ ਅਤੇ ਗੁਰਚਰਨ ਸਿੰਘ ਮੁੱਖ ਅਧਿਆਪਕ ਕੋਲ ਰਹੀ। ਸਟੇਜ ਸਕੱਤਰ ਦੀ ਭੂਮਿਕਾ ਲੈਕਚਰਾਰ ਕੁਲਵਿੰਦਰ ਸਿੰਘ ਲਵਲੀ ਨੇ ਬਾਖੂਬੀ ਨਿਭਾਈ। ਅਖੀਰ ਵਿਚ ਸਕੂਲ ਦੇ ਵਾਈਸ ਪ੍ਰਿੰਸੀਪਲ ਤੇਜਿੰਦਰ ਸਿੰਘ ਲੈਕਚਰਾਰ ਨੇ ਆਏ ਹੋਏ ਪਤਵੰਤੇ ਸੱਜਣਾਂ ਦਾ ਸਵਾਗਤ ਕੀਤਾ ਅਤੇ ਆਉਣ 'ਤੇ ਧੰਨਵਾਦ ਕੀਤਾ। ਪ੍ਰਦਰਸ਼ਨੀ ਵਿਚ ਰਜਤ ਸ਼ਰਮਾ ਅਤੇ ਸਕੂਲ ਦਾ ਸਮੂਹ ਸਟਾਫ਼ ਅਤੇ ਵੱਖ-ਵੱਖ ਸਕੂਲਾਂ ਤੋਂ ਆਏ ਅਧਿਆਪਕ ਅਤੇ ਵਿਦਿਆਰਥੀ ਸ਼ਾਮਿਲ ਸਨ।

ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ ਨੂੰ ਸਨਮਾਨਿਤ ਕਰਦੇ ਹੋਏ ਕਾਂਗਰਸੀ ਆਗੂ। ਤਸਵੀਰ: ਮਨਜੀਤ ਸਿੰਘ

ਕਾਂਗਰਸੀ ਆਗੂਆਂ ਵਲੋਂ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ ਦਾ ਸਨਮਾਨ

ਤਰਨ ਤਾਰਨ, 27 ਨਵੰਬਰ (ਹਰਿੰਦਰ ਸਿੰਘ)-ਕਾਂਗਰਸ ਭਵਨ ਤਰਨ ਤਾਰਨ ਵਿਖੇ ਹੋਏ ਇਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਜ਼ਿਲ੍ਹਾ ਕਾਂਗਰਸ ਕਮੇਟੀ ਤਰਨ ਤਾਰਨ ਦੇ ਪ੍ਰਧਾਨ ਰਾਜਬੀਰ ਸਿੰਘ ਭੁੱਲਰ ਨੂੰ ਕਾਂਗਰਸੀ ਆਗੂਆਂ ਤੇ ਵਰਕਰਾਂ ਵਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਂਗਰਸੀ ਆਗੂਆਂ ਨੇ ਕਿਹਾ ਕਿ ਰਾਜਬੀਰ ਸਿੰਘ ਭੁੱਲਰ ਬਹੁਤ ਹੀ ਸੂਝਵਾਨ ਨੇਤਾ ਹਨ, ਜਿਨ੍ਹਾਂ ਦੀ ਅਗਵਾਈ 'ਚ ਕਾਂਗਰਸ ਪਾਰਟੀ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ ਨੇ ਸਮੂਹ ਕਾਂਗਰਸੀ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇਕਜੁੱਟ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਸਾਬਕਾ ਉੱਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇਕਜੁੱਟ ਹੋ ਕੇ ਰਣਨੀਤੀ ਉਲੀਕੇਗੀ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਮਜ਼ਬੂਤ ਸਰਕਾਰ ਬਣਾਏਗੀ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਜਗਤਾਰ ਸਿੰਘ ਬੁਰਜ, ਸ਼ਹਿਰੀ ਪ੍ਰਧਾਨ ਲਖਵਿੰਦਰ ਸਿੰਘ ਲੱਕੀ ਪਾਗਲ, ਮੇਹਰ ਸਿੰਘ ਚੁਤਾਲਾ, ਬਾਊ ਬਸੰਤ ਲਾਲ ਟਰਾਂਸਪੋਰਟਰ, ਅਵਤਾਰ ਸਿੰਘ ਤਨੇਜਾ ਸਾਬਕਾ ਚੇਅਰਮੈਨ, ਹਰਪ੍ਰੀਤ ਸਿੰਘ ਪੱਟੀ, ਅੰਗਰੇਜ਼ ਸਿੰਘ ਖੱਬੇ, ਹੀਰਾ ਸਿੰਘ ਮੱਲ੍ਹੀ ਆਦਿ ਹਾਜ਼ਰ ਸਨ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਰਹਾਣਾ ਵਿਖੇ ਬਲਾਕ ਪੱਧਰੀ ਸਾਇੰਸ ਪ੍ਰਦਰਸ਼ਨੀ ਲਗਾਈ

ਹਰੀਕੇ ਪੱਤਣ, 27 ਨਵੰਬਰ (ਸੰਜੀਵ ਕੁੰਦਰਾ)-ਪੰਜਾਬ ਸਰਕਾਰ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸਤਨਾਮ ਸਿੰਘ ਬਾਠ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਰਹਾਣਾ ਵਿਖੇ ਬਲਾਕ ਪੱਧਰੀ ਸਾਇੰਸ ਪ੍ਰਦਰਸ਼ਨੀ ਕਾਰਵਾਈ ਗਈ। ਇਸ ਪ੍ਰਦਰਸ਼ਨੀ ਵਿਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸਰਹਾਲੀ ਕਲਾਂ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਸਹਿਨੂਰਪ੍ਰੀਤ ਕੌਰ ਨੇ ਥੀਮ ਗਰੀਨ ਊਰਜਾ ਵਿਚ ਦੂਸਰਾ, ਅੱਠਵੀਂ ਜਮਾਤ ਦੀ ਵਿਦਿਆਰਥਣ ਮਨਦੀਪ ਕੌਰ ਨੇ ਥੀਮ ਪਾਣੀ ਦੀ ਸੰਭਾਲ ਅਤੇ ਪ੍ਰਬੰਧਨ ਵਿਚ ਦੂਸਰਾ ਸਥਾਨ ਅਤੇ ਨਵਨੀਤ ਕੌਰ ਨੇ ਥੀਮ ਉਭਰਦੀਆਂ ਤਕਨੀਕਾਂ ਵਿਚ ਤੀਸਰਾ ਸਥਾਨ ਹਾਸਲ ਕਰਕੇ ਆਪਣੇ ਸਕੂਲ, ਅਧਿਆਪਕਾਂ ਅਤੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਸੰਤੋਖ ਸਿੰਘ ਨੇ ਸਕੂਲ ਦੀ ਇਸ ਪ੍ਰਾਪਤੀ ਲਈ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਬੱਚਿਆਂ ਅਤੇ ਉਨ੍ਹਾਂ ਦੇ ਅਧਿਆਪਕ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਸ ਮੌਕੇ ਸਕੂਲ ਸਟਾਫ ਸ਼੍ਰੀਮਤੀ ਰਾਜਬੀਰ ਕੌਰ, ਪਰਮਿੰਦਰ ਕੌਰ, ਜਤਿੰਦਰਪਾਲ ਕੌਰ, ਹਰਸਿਮਰਨ ਕੌਰ, ਤੇਜਿੰਦਰ ਕੌਰ, ਬਲਰਾਜ ਸਿੰਘ, ਹਰਮਨਦੀਪ ਸਿੰਘ, ਗੁਰਬਾਜ਼ ਸਿੰਘ, ਪ੍ਰਿਤਪਾਲ ਕੌਰ, ਰਾਜਿੰਦਰ ਕੌਰ, ਸੁਮਨ ਬਾਲਾ, ਮਨਬੀਰ ਕੌਰ ਅਤੇ ਜਸਪਾਲ ਸਿੰਘ ਹਾਜ਼ਰ ਸਨ।

ਬਲਾਕ ਪੱਧਰੀ ਸਾਇੰਸ ਪ੍ਰਦਰਸ਼ਨੀ ਵਿਚ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤੇ ਜਾਣ ਦਾ ਦ੍ਰਿਸ਼। ਤਸਵੀਰ: ਕੁੰਦਰਾ

ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਸਮਾਗਮ ਦੌਰਾਨ ਕੀਰਤਨ ਕਰਦੇ ਹੋਏ ਵਿਦਿਆਰਥੀ ਅਤੇ ਸਕੂਲ ਵਿਚ ਕਰਵਾਏ ਧਾਰਮਿਕ ਸਮਾਗਮ ਮੌਕੇ ਹਾਜ਼ਰ ਵਿਦਿਆਰਥੀ। ਤਸਵੀਰ: ਖਹਿਰਾ

ਬਾਬਾ ਬਸਤਾ ਸਿੰਘ ਪਬਲਿਕ ਹਾਈ ਸਕੂਲ ਕੈਰੋਂ ਵਿਖੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ

ਪੱਟੀ, 27 ਨਵੰਬਰ (ਅਵਤਾਰ ਸਿੰਘ ਖਹਿਰਾ, ਕੁਲਵਿੰਦਰਪਾਲ ਸਿੰਘ ਕਾਲੇਕੇ)- ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਬਾਬਾ ਬਸਤਾ ਸਿੰਘ ਪਬਲਿਕ ਹਾਈ ਸਕੂਲ ਕੈਰੋਂ ਦੇ ਵਿਦਿਆਰਥੀਆਂ ਵਲੋਂ ਸ੍ਰੀ ਜਪੁਜੀ ਸਾਹਿਬ, ਸ੍ਰੀ ਅਨੰਦ ਸਾਹਿਬ ਦੇ ਜਾਪ ਕੀਤੇ ਗਏ। ਇਸ ਤੋਂ ਉਪਰੰਤ ਬੱਚਿਆਂ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਸ਼ਬਦ ਕੀਰਤਨ ਵੀ ਗਾਇਨ ਕੀਤੇ ਗਏ। ਬੱਚਿਆਂ ਵਲੋਂ ਕਵੀਸ਼ਰੀ, ਕਵਿਤਾ ਅਤੇ ਵਾਰਤਾਲਾਪ ਵੀ ਪੇਸ਼ ਕੀਤੇ ਗਏ। ਸਾਰੇ ਬੱਚਿਆਂ ਵਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਗੁਰੂ ਜੀ ਅਤੇ ਉਨ੍ਹਾਂ ਦੇ ਨਾਲ ਸ਼ਹੀਦ ਹੋਏ ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਦੀ ਸ਼ਹਾਦਤ ਨੂੰ ਯਾਦ ਕੀਤਾ ਗਿਆ। ਸਕੂਲ ਦੇ ਧਾਰਮਿਕ ਅਧਿਆਪਕ ਸ੍ਰੀਮਤੀ ਗੁਰਬੀਰ ਕੌਰ ਨੇ ਬੱਚਿਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਅਤੇ ਇਹ ਸਿੱਖਿਆ ਦਿੱਤੀ ਕਿ ਉਨ੍ਹਾਂ ਦੀ ਸ਼ਹਾਦਤ ਨੂੰ ਯਾਦ ਰੱਖਦਿਆਂ ਕੇਸਾਂ ਨੂੰ ਸੰਭਾਲਣ। ਇਸ ਮੌਕੇ ਪ੍ਰਿੰਸੀਪਲ ਉਪਦੇਸ਼ ਕੁਮਾਰੀ ਨੇ ਵੀ ਬੱਚਿਆਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਤੋਂ ਸੇਧ ਲੈਂਦਿਆਂ ਧਰਮ ਦੇ ਰਸਤੇ 'ਤੇ ਚੱਲਣ ਅਤੇ ਸੱਚਾਈ ਨੂੰ ਅਪਣਾਉਣ ਦੀ ਸਿੱਖਿਆ ਦਿੱਤੀ। ਉਨ੍ਹਾਂ ਨੇ ਬੱਚਿਆਂ ਨੂੰ ਵੱਧ ਤੋਂ ਵੱਧ ਗੁਰਬਾਣੀ ਨਾਲ ਜੁੜਨ ਅਤੇ ਆਪਣੀ ਜਿੰਦਗੀ ਵਿਚ ਇਕ ਚੰਗੇ ਇਨਸਾਨ ਬਣਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਕੂਲ ਦੇ ਸਰਪ੍ਰਸਤ